**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 18-09-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਸਵੱਛਤਾ ਨਾਲ ਹੀ, ਦੇਸ਼ ਸਿਹਤਮੰਦ ਅਤੇ ਵਿਕਸਤ ਹੋਵੇਗਾ।
- ਵਰਲਡ ਫੂਡ ਇੰਡੀਆ ਪ੍ਰਦਰਸ਼ਨੀ, ਨਵੀਂ ਦਿੱਲੀ ਵਿੱਚ ਸ਼ੁਰੂ ਹੋਈ- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ- ਸਰਕਾਰ, ਦੇਸ਼ ਦੇ ਖੁਰਾਕ ਖੇਤਰ ਵਿੱਚ ਨਵੀਨਤਾ, ਸਥਿਰਤਾ ਅਤੇ ਸੁਰੱਖਿਆ ਦੇ ਆਲਮੀ ਮਾਪਦੰਡ ਸਥਾਪਤ ਕਰਨ ਲਈ ਵਚਨਬੱਧ ਐ।
- ਬਾਬਾ ਸ਼ੇਖ ਫ਼ਰੀਦ ਜੀ ਦੇ ਆਗਮਨ ਪੁਰਬ ਦੇ ਸਬੰਧ ਵਿੱਚ, ਅੱਜ ਗੁਰਦੁਆਰਾ ਟਿੱਲਾ ਬਾਬਾ ਫ਼ਰੀਦ ਵਿਖੇ ਮੇਲੇ ਦਾ ਆਗਜ਼।
- ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਹਲਕੀ ਵਰਖਾ ਤੇ ਬੱਦਲਵਾਈ ਹੋਣ ਨਾਲ ਮੌਸਮ ਸੁਹਾਵਣਾ ਬਣਿਆ।

---------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਪਿਛਲੇ 10 ਸਾਲਾਂ 'ਚ, ਸਵੱਛਤਾ ਮੁਹਿੰਮ ਦੇਸ਼ ਵਿਆਪੀ ਮੁਹਿੰਮ ਬਣ ਗਈ ਏ। ਅੱਜ ਉਜੈਨ ਵਿੱਚ ਸਫ਼ਾਈ ਮਿੱਤਰ ਸੰਮੇਲਨ ਨੂੰ ਸੰਬੋਧਨ ਕਰਦਿਆਂ, ਰਾਸ਼ਟਰਪਤੀ ਨੇ ਖ਼ੁਸ਼ੀ ਪ੍ਰਗਟਾਈ ਕਿ ਮੱਧ ਪ੍ਰਦੇਸ਼ ਦੇ ਕਈ ਸ਼ਹਿਰਾਂ ਨੂੰ, 'ਸਫ਼ਾਈ ਮਿੱਤਰ ਸੁਰੱਖਿਅਤ ਸ਼ਹਿਰ' ਐਲਾਨਿਆ ਗਿਆ ਏ । BYTE ਰਾਸ਼ਟਰਪਤੀ ਨੇ ਕਿਹਾ ਕਿ ਸਵੱਛਤਾ ਨਾਲ ਹੀ ਦੇਸ਼ ਤੰਦਰੁਸਤ ਅਤੇ ਵਿਕਸਤ ਹੋਵੇਗਾ। ਉਨ੍ਹਾਂ ਕਿਹਾ ਕਿ ਮਹਾਕਾਲ ਦੀ ਨਗਰੀ ਉਜੈਨ ਵਿੱਚ ਸਦੀਆਂ ਤੋਂ ਸੰਸਕ੍ਰਿਤੀ ਅਤੇ ਸੱਭਿਅਤਾ ਦੀ ਰਿਵਾਇਤ ਲਗਾਤਾਰ ਚੱਲ ਰਹੀ ਏ। ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਸਾਲ 2025 ਤੱਕ ਚੱਲਣ ਵਾਲੇ ਸਵੱਛ ਭਾਰਤ ਅਭਿਆਨ ਦੇ ਦੂਜੇ ਪੜਾਅ ਵਿੱਚ ਸਾਨੂੰ ਪੂਰੀ ਤਰ੍ਹਾਂ ਸਵੱਛਤਾ ਦਾ ਟੀਚਾ ਹਾਸਲ ਕਰਨਾ ਏ।BYTE:

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਰਕਾਰ, ਦੇਸ਼ ਦੇ ਖ਼ੁਰਾਕ ਖੇਤਰ ਵਿੱਚ ਨਵੀਨਤਾ, ਸਥਿਰਤਾ ਅਤੇ ਸੁਰੱਖਿਆ ਦੇ ਆਲਮੀ ਮਾਪਦੰਡ ਸਥਾਪਤ ਕਰਨ ਲਈ ਵਚਨਬੱਧ ਏ। ਨਵੀਂ ਦਿੱਲੀ ਦੇ ਭਾਰਤ

ਮੰਡਪਮ ਵਿਖੇ , ਵਰਲਡ ਫ਼ੂਡ ਇੰਡੀਆ 2024 ਪ੍ਰਦਰਸ਼ਨੀ ਦੇ ਮੌਕੇ ਅੱਜ ਇੱਕ ਵੀਡੀਓ ਸੰਦੇਸ਼ ਵਿੱਚ ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਵਿੱਚ, ਇੱਕ ਜੀਵੰਤ ਅਤੇ ਵਿਭਿੰਨ ਭੋਜਨ ਸੱਭਿਆਚਾਰ ਏ। ਕਿਸਾਨ ਦੇਸ਼ ਦੇ ਭੋਜਨ ਵਾਤਾਵਰਣ ਦੀ ਰੀੜ੍ਹ ਨੇ ਤੇ ਸਰਕਾਰ ਕਿਸਾਨਾਂ ਦੀ ਮਦਦ ਲਈ ਨਵੀਆਂ ਨੀਤੀਆਂ ਲੈ ਕੇ ਆ ਰਹੀ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਕਾਰ, ਦੇਸ਼ ਵਿੱਚ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਲਈ, ਆਧੁਨਿਕ ਬੁਨਿਆਦੀ ਢਾਂਚੇ ਅਤੇ ਚੇਨਾਂ ਦਾ ਇੱਕ ਮਜ਼ਬੂਤ ਮਾਹੌਲ ਦੀ ਸਿਰਜਣਾ ਕਰ ਰਹੀ ਏ। ਵਰਲਡ ਫ਼ੂਡ ਇੰਡੀਆ-2024 ਵਿੱਚ ਕਈ ਮੁਲਕਾਂ ਦੀ ਭਾਗੀਦਾਰੀ 'ਤੇ ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਦੁਨੀਆ ਨਾਲ ਕੰਮ ਕਰਨ ਲਈ ਇੱਕ ਆਦਰਸ਼ ਮੰਚ ਏ । ਉਨ੍ਹਾਂ ਉਮੀਦ ਪ੍ਰਗਟਾਈ ਕਿ ਇਸ ਫੋਰਮ 'ਤੇ, ਭੋਜਨ ਸੁਰੱਖਿਆ, ਗੁਣਵੱਤਾ ਦੇ ਮਿਆਰ ਅਤੇ ਵਧੀਆ ਅਭਿਆਸਾਂ ਵਰਗੇ ਵਿਆਪਕ ਮੁੱਦਿਆਂ 'ਤੇ ਚਰਚਾ ਕੀਤੀ ਜਾਵੇਗੀ।

------------------------------------------------

ਸਵੱਛਤਾ ਹੀ ਸੇਵਾ ਮੁਹਿੰਮ ਸ਼ੁਰੂ ਹੋ ਗਈ ਏ ਜੋ  2 ਅਕਤੂਬਰ ਤੱਕ ਜਾਰੀ ਰਹੇਗੀ। ਇਸ ਸਾਲ ਦਾ ਵਿਸ਼ਾ ''ਸੁਭਾਅ ਸਵੱਛਤਾ, ਸੰਸਕਾਰ ਸਵੱਛਤਾ'' ਰੱਖਿਆ ਗਿਆ ਏ। ਇਸ ਮੌਕੇ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਵੀ ਮੁਹਿੰਮ ਦਾ ਆਗਾਜ਼ ਹੋ ਚੁਕਿਆ ਏ। ਮੁਹਿੰਮ ਨੂੰ ਲੈ ਕੇ ਵੱਖ-ਵੱਖ ਜ਼ਿਲ੍ਹਿਆਂ ਤੋਂ ਲੋਕਾਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। BYTE

---------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ  ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਏ ਕਿ ਪੰਜਾਬ ਸਰਕਾਰ  ਸੂਬੇ ਅੰਦਰ ਖੇਡਾਂ ਤੇ ਖਿਡਾਰੀਆਂ ਦੀ ਤਰੱਕੀ ਲਈ ਵਚਨਬੱਧ ਏ  ਅਤੇ ਸਰਕਾਰ ਇਸ ਟੀਚੇ ਦੀ ਪ੍ਰਾਪਤੀ ਲਈ ਲਗਾਤਾਰ ਕੰਮ ਕਰ ਰਹੀ ਏ।  ਅੱਜ ਨਹਿਰੂ ਸਟੇਡੀਅਮ ਵਿਖੇ ਸ਼ੂਟਿੰਗ ਰੇਂਜ ਦਾ ਉਦਘਾਟਨ ਕਰਨ ਮੌਕੇ ਉਨ੍ਹਾਂ ਇਹ ਗੱਲ ਕਹੀ। ਉਨ੍ਹਾਂ ਕਿਹਾ ਕਿ ਇਹ ਸ਼ੂਟਿੰਗ ਰੇਂਜ 12 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਗਈ ਏ। ਸਪੀਕਰ ਸੰਧਵਾਂ ਨੇ ਕਿਹਾ ਕਿ ਸ਼ੂਟਿੰਗ ਇੱਕ ਅਜਿਹੀ ਪ੍ਰਤੀਯੋਗੀ ਖੇਡ ਏ  ਜਿਸ ਦਾ ਸਬੰਧ ਸਿੱਧਾ ਇਕਾਗਰਤਾ ਅਤੇ ਸਟੀਕਤਾ ਨਾਲ ਹੁੰਦਾ ਏ।  ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਨੌਜਵਾਨ ਖਿਡਾਰੀਆਂ ਨੂੰ

ਚੰਗੀ ਸਰੀਰਕ ਅਤੇ ਦਿਮਾਗੀ ਸਿਹਤ ਨਾਲ ਜੋੜਨ ਲਈ ਪੰਜਾਬ ਸਰਕਾਰ ਦਾ ਇਹ ਇੱਕ ਵਧੀਆ ਉਪਰਾਲਾ ਏ।

----------------------------------------------------

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ, ਸੂਬੇ ਵੱਖ-ਵੱਖ ਅਨਾਜ ਮੰਡੀਆਂ, ਫ਼ਲ ਤੇ ਸਬਜੀ ਮੰਡੀਆਂ ਦੇ ਵਿਕਾਸ ਕਾਰਜਾਂ, ਮਾਰਕਿਟ ਕਮੇਟੀਆਂ ਅਤੇ ਈ-ਨੈਮ ਸਬੰਧੀ ਬੋਰਡ ਦੇ ਉੱਚ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ । ਚੇਅਰਮੈਨ ਨੇ ਸਾਰੇ ਅਧਿਕਾਰੀਆਂ ਨੂੰ ਮੰਡੀਆਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਪਟਿਆਲਾ ਦੀ ਸਨੌਰ ਰੋਡ ਸਥਿਤ ਆਧੁਨਿਕ ਫ਼ਲ ਅਤੇ ਸਬਜੀ ਮੰਡੀ ਦੇ ਮੁੱਖ ਗੇਟ ਉੱਤੇ ਲਗਾਏ ਬੂਮ ਬੈਰੀਅਰ, ਸੀ.ਸੀ.ਟੀ.ਵੀ. ਕੈਮਰੇ ਅਤੇ ਵੇ-ਬ੍ਰਿਜ ਰਾਹੀਂ ਆਨਲਾਈਨ ਐਂਟਰੀ ਦੀ ਤਰਜ਼ ਤੇ ਪੰਜਾਬ ਦੀਆਂ ਹੋਰਨਾਂ ਫ਼ਲ ਅਤੇ ਸਬਜੀ ਮੰਡੀਆਂ ਵਿੱਚ ਵੀ ਆਨਲਾਈਨ ਗੇਟ ਐਂਟਰੀ ਦੇ ਕਾਰਜਾਂ ਨੂੰ ਤੇਜੀ ਨਾਲ ਪੂਰਾ ਕਰਨ ਦੀ ਹਦਾਇਤ ਦਿੱਤੀ ਗਈ, ਤਾਂ ਜੋ ਮੰਡੀਆਂ ਵਿੱਚ ਆਉਣ ਵਾਲੀ ਹਰ ਤਰ੍ਹਾਂ ਦੀ ਸਬਜੀਆਂ ਅਤੇ ਫ਼ਲਾਂ ਦਾ ਰਿਕਾਰਡ

ਰੱਖਿਆ ਜਾ ਸਕੇ। ਉਨ੍ਹਾਂ ਕਿਹਾ ਕਿ ਮਾਰਕਿਟ ਕਮੇਟੀ ਮਹਿਤਪੁਰ ਅਤੇ ਜਲੰਧਰ ਵਿਖੇ ਮੰਡੀਆਂ ਵਿੱਚ ਏ.ਟੀ.ਐਮਜ਼. ਲਗਾਏ ਜਾ ਚੁੱਕੇ ਨੇ ਤੇ ਹੋਰਨਾਂ ਮੰਡੀਆਂ ਵਿੱਚ ਵੀ ਜਲਦ ਤੋਂ ਜਲਦ ਏ.ਟੀ.ਐਮਜ਼ ਲਗਵਾਏ ਜਾਣ, ਤਾਂ ਕਿ ਇਨ੍ਹਾਂ ਦੀ ਸਹਾਇਤਾ ਨਾਲ ਲੋਕਾਂ ਨੂੰ ਖਰੀਦਦਾਰੀ ਸਮੇਂ ਪੈਸਿਆਂ ਦਾ ਲੈਣ-ਦੇਣ ਸੌਖਾ ਹੋ ਜਾਵੇ ਅਤੇ ਕਿਸਾਨਾਂ, ਆੜ੍ਹਤੀਆਂ ਤੇ ਮਜਦੂਰਾਂ ਦੀ ਆਮਦਨ ਵਿੱਚ ਵਾਧਾ ਹੋ ਸਕੇ।

---------------------------------------------------------------

ਬਾਬਾ ਸ਼ੇਖ ਫ਼ਰੀਦ ਜੀ ਆਗਮਨ ਪੁਰਬ ਦੇ ਸਬੰਧ ਵਿੱਚ, ਅੱਜ ਫ਼ਰੀਦਕੋਟ ਸਥਿਤ ਗੁਰਦੁਆਰਾ ਟਿੱਲਾ ਬਾਬਾ ਫ਼ਰੀਦ ਵਿਖੇ ਸੁਖਮਨੀ ਸਾਹਿਬ ਦੇ ਪਾਠ ਉਪਰੰਤ ਅਰਦਾਸ ਅਤੇ ਕੀਰਤਨ ਨਾਲ ਮੇਲੇ ਦਾ ਆਗਜ਼ ਹੋ ਗਿਆ । ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ ਗੁਰਦਿੱਤ ਸਿੰਘ ਸੇਖੋਂ ਪ੍ਰਸ਼ਾਨਿਕ ਅਧਿਕਾਰੀਆਂ ਸਮੇਤ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ, ਟਿੱਲਾ ਬਾਬਾ ਫ਼ਰੀਦ ਵਿਖੇ ਨਤਮਸਤਕ ਹੋਈਆਂ । ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਬਾਬਾ ਫਰੀਦ ਦੀ ਬਾਣੀ ਅੱਜ ਵੀ ਸਾਡਾ ਮਾਰਗ ਦਰਸ਼ਨ ਕਰਦੀ ਏ

। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ, ਬਾਬਾ ਫ਼ਰੀਦ ਮੇਲੇ ਦਾ ਹਿੱਸਾ ਬਣਕੇ ਮਨੁੱਖਤਾ ਦੀ ਸੇਵਾ, ਸ਼ਹਿਰ ਦੀ ਸਫ਼ਾਈ ਦਾ ਵਿਸ਼ੇਸ਼ ਖਿਆਲ ਰੱਖਣ । ਹਲਕਾ ਵਿਧਾਇਕ ਨੇ ਕਿਹਾ ਕਿ ਬਾਬਾ ਫ਼ਰੀਦ ਜੀ ਮਹਾਨ ਸੂਫੀ ਸੰਤ ਸਨ ਜਿਨ੍ਹਾਂ ਦੀ ਬਾਣੀ ਸਾਨੂੰ ਮਾਨਸਿਕ, ਆਤਮਿਕ ਤੌਰ ਤੇ ਤ੍ਰਿਪਤ ਕਰਦੀ ਏ । ਉਨ੍ਹਾਂ ਕਿਹਾ ਕਿ ਬਾਬਾ ਫਰੀਦ ਇੱਕ ਦੂਰਦਰਸ਼ੀ ਅਤੇ ਵਿੱਲਖਣ ਪ੍ਰਤੀਭਾ ਦੇ ਮਾਲਕ ਸਨ। ਜਿੰਨਾ ਨੇ ਸਮਾਜ ਵਿੱਚ ਮਿੱਠਤ ਨਾਲ ਵਿਚਰਨ ਦਾ ਸੁਨੇਹਾ ਦਿੱਤਾ ਅਤੇ ਨਾਲ ਹੀ ਵਾਤਾਵਰਨ ਦੀ ਸ਼ੁੱਧਤਾ ਲਈ ਲੋਕਾਂ ਨੂੰ ਪ੍ਰੇਰਿਤ ਕੀਤਾ।

---------------------------------------------------------------

ਦੇਸ਼ ਭਰ ਵਿੱਚ ਪਹਿਲੀ ਤੋਂ 30 ਸਤੰਬਰ ਤੱਕ ਰਾਸ਼ਟਰੀ ਪੋਸ਼ਣ ਮਹੀਨਾ ਮਨਾਇਆ ਜਾ ਰਿਹਾ ਏ । ਇਸ ਤਹਿਤ ਔਰਤਾਂ ਅਤੇ ਬੱਚਿਆਂ ਨੂੰ ਸਰੀਰਿਕ ਤੌਰ ਤੇ ਮਜਬੂਤ ਬਣਾਉਣ ਅਤੇ ਸੰਤੁਲਿਤ ਖੁਰਾਕ ਸਬੰਧੀ ਜਾਗਰੂਕ ਕਰਨ ਦੇ ਮਕਸਦ ਨਾਲ ਵੱਖ-ਵੱਖ ਪ੍ਰੋਗਰਾਮ ਕਰਵਾਏ ਜਾ ਰਹੇ ਨੇ । ਇਸ ਮੌਕੇ ਵੱਖ-ਵੱਖ ਅਧਿਕਾਰੀਆਂ ਨੇ ਕੀਤੇ ਜਾ ਰਹੇ ਪ੍ਰੋਗਰਾਮ ਬਾਰੇ ਜਾਣਕਾਰੀ ਦਿਤੀ । BYTE:

---------------------------------------------------------

ਜਿਲ੍ਹਾ ਫਤਿਹਗੜ੍ਹ ਸਾਹਿਬ ਦੇ ਸੀ.ਆਈ.ਏ ਸਟਾਫ ਨੇ ਮੋਬਾਇਲ ਖੋਹਣ ਵਾਲੇ ਗਿਰੋਹ ਨੂੰ ਕਾਬੂ ਕਰਕੇ 43 ਮੋਬਾਇਲ ਫੋਨ ਅਤੇ ਇਕ ਪਿਸਤੌਲ ਬਰਾਮਦ ਕੀਤਾ ਏ । ਐਸ.ਐਸ.ਪੀ. ਡਾ.ਰਵਜੋਤ ਗਰੇਵਾਲ ਨੇ ਮੰਡੀ ਗੋਬਿੰਦਗੜ ਵਿਖੇ ਪ੍ਰੈਸ ਕਾਨਫਰੰਸ ਦੌਰਾਨ ਦਸਿਆ ਕਿ ਗਿਰੋਹ ਵੱਲੋਂ ਲੁੱਟੀ ਗਈ ਰਕਮ ਅਤੇ ਮੋਬਾਇਲ ਫੋਨ ਉਨ੍ਹਾਂ ਦੇ ਮਾਲਕਾਂ ਨੂੰ ਸੌਂਪ ਦਿੱਤੇ ਗਏ ਨੇ। ਐਸ.ਐਸ.ਪੀ ਨੇ ਦੱਸਿਆ ਕਿ ਇਸ ਗਰੋਹ ਦੇ 7 ਮੈਂਬਰ ਪੁਲੀਸ ਦੀ ਹਿਰਾਸਤ ਵਿੱਚ ਨੇ ਅਤੇ ਉਨ੍ਹਾਂ ਕੋਲੋਂ ਪੁੱਛ-ਗਿੱਛ ਕੀਤੀ ਜਾ ਰਹੀ ਏ ਜਿਸ ਵਿੱਚ ਹੋਰ ਵੀ ਕਈ ਖੁਲਾਸੇ ਹੋਣ ਦੀ ਸੰਭਾਵਨਾ ਏ ।

---------------------------------------------------------

ਬਰਨਾਲਾ ਦੇ ਤਪਾ ਵਿਖੇ ਭਾਰਤੀ ਖੁਰਾਕ ਨਿਗਮ ਦੇ ਗੋਦਾਮ ਵਿੱਚ ਅੱਜ ਸਵੇਰੇ ਅੱਗ ਲੱਗਣ ਕਾਰਨ ਵੱਡੀ ਗਿਣਤੀ ਵਿੱਚ ਚੌਲਾਂ ਦੇ ਬੰਡਲ ਅੱਗ ਦੀ ਲਪੇਟ ਵਿੱਚ ਆ ਗਏ। ਫਾਇਰ ਬ੍ਰਿਗੇਡ ਦੀਆਂ ਕਈ ਗੱਡੀਆਂ ਅੱਗ ਬੁਝਾਉਣ ਵਿੱਚ ਜੁੱਟੀਆਂ ਹੋਈਆਂ ਸਨ ਅਤੇ ਕਾਫੀ ਸਮੇਂ ਬਾਅਦ ਅੱਗ ’ਤੇ ਕਾਬੂ ਪਾਇਆ ਗਿਆ। ਫਾਇਰ ਅਫ਼ਸਰ ਜਸਪ੍ਰੀਤ ਸਿੰਘ ਨੇ

ਦੱਸਿਆ ਕਿ ਤਪਾ ਮੰਡੀ ਵਿੱਚ ਐਫ.ਸੀ.ਆਈ ਦੇ ਗੋਦਾਮ ਵਿੱਚ ਅੱਗ ਲੱਗਣ ਦੀ ਸੂਚਨਾ ਮਿਲੀ , ਜਿਸ ਤੋਂ ਬਾਅਦ ਉਨ੍ਹਾਂ ਤੁਰੰਤ ਫਾਇਰ ਟੈਂਡਰ ਮੌਕੇ ’ਤੇ ਭੇਜ ਕੇ ਅੱਗ ’ਤੇ ਕਾਬੂ ਪਾਇਆ ਗਿਆ। ਫਾਇਰ ਅਫਸਰ ਮੁਤਾਬਕ ਅੱਗ ਲੱਗਣ ਦਾ ਕਾਰਨ ਸ਼ਾਰਟ ਸਰਕਟ ਹੋ ਸਕਦਾ ਏ , ਜਿਸ ਦੀ ਫਿਲਹਾਲ ਜਾਂਚ ਕੀਤੀ ਜਾ ਰਹੀ ਏ ।

---------------------------------------------------------------

ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਨੇ ਪਿੰਡਾਂ ਵਿੱਚ ਬਣੀਆਂ ਰੱਖਿਆ ਕਮੇਟੀਆਂ ਦੇ ਮੈਂਬਰਾਂ ਨਾਲ ਮੀਟਿੰਗ ਕਰਕੇ ਵਿਲੇਜ ਡਿਫੈਂਸ ਕਮੇਟੀਆਂ ਨੂੰ ਹੋਰ ਮਜਬੂਤ ਕਰਨ ਲਈ ਵਿਚਾਰ ਵਟਾਂਦਰਾ ਕੀਤਾ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਰਹੱਦੀ ਇਲਾਕੇ ਦੇ ਲੋਕ, ਸਰਹੱਦਾਂ ਦੀ ਰਾਖੀ ਵਿੱਚ ਅਹਿਮ ਭੂਮਿਕਾ ਅਦਾ ਕਰਦੇ ਨੇ ਅਤੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਇਕ ਟੀਮ ਦੀ ਤਰ੍ਹਾਂ ਸਹਿਯੋਗ ਕਰਦੇ ਨੇ , ਜੋ ਸਲਾਘਾਯੋਗ ਏ। ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ 25 ਸਤੰਬਰ ਨੂੰ ਮਾਣਯੋਗ ਰਾਜਪਾਲ ਪੰਜਾਬ,ਸ਼੍ਰੀ ਗੁਲਾਬ ਚੰਦ ਕਟਾਰੀਆ,ਡੇਰਾ ਬਾਬਾ ਨਾਨਕ ਵਿਖੇ ਪਹੁੰਚਣਗੇ ਅਤੇ ਵਿਲੇਜ

ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨਾਲ ਮੀਟਿੰਗ ਕਰਨਗੇ। ਕਮੇਟੀ ਮੈਂਬਰਾਂ ਨਾਲ ਸਰਹੱਦੀ ਖੇਤਰ ਦੇ ਵਿਕਾਸ ਨੂੰ ਹੋਰ ਮਜਬੂਤ ਕਰਨ ਲਈ ਗੱਲਬਾਤ ਕਰਨਗੇ।

---------------------------------------------------

ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਛਾਪੇ ਜਾਂਦੇ ਮਹੀਨੇਵਾਰ ਮੈਗਜ਼ੀਨ, ਪ੍ਰਾਇਮਰੀ ਸਿੱਖਿਆ ਅਤੇ ਪੰਖੜੀਆ ਜੋ ਕਿ ਪਿਛਲੇ ਕੁੱਝ ਸਮੇਂ ਤੋਂ ਪ੍ਰਬੰਧਕੀ ਕਾਰਨਾ ਕਰਕੇ ਛਪ ਨਹੀਂ ਰਹੇ ਸਨ। ਉਨ੍ਹਾਂ ਦੇ ਸਤੰਬਰ ਦੇ ਅੰਕ ਬੋਰਡ ਦੇ ਚੇਅਰਮੈਨ ਕਮਲ ਕਿਸ਼ੋਰ ਯਾਦਵ ਅਤੇ ਸਕੱਤਰ ਅਵਿਕੇਸ਼ ਗੁਪਤਾ ਦੇ ਕਰ ਕਮਲਾ ਨਾਲ ਅੱਜ ਲੋਕ ਅਰਪਣ ਕੀਤੇ। ਇਹ ਦੋਵੇਂ ਮੈਗਜ਼ੀਨ ਖੇਤਰ ਵਿੱਚ ਸਕੂਲਾਂ ਦੇ ਵਿਦਿਆਰਥੀਆਂ ਨੂੰ ਆਮ ਜਾਣਕਾਰੀ ਅਤੇ ਸਾਹਿਤ ਨਾਲ ਜੋੜਨ ਦਾ ਕੰਮ ਕਰਦੇ ਨੇ । ਚੇਅਰਮੈਨ ਨੇ ਇਹਨਾਂ ਬਾਲ ਰਸਾਲਿਆ ਦੀ ਪ੍ਰਿੰਟਿੰਗ ਦੀ ਗੁਣਵੱਤਾ ਅਤੇ ਪ੍ਰਕਾਸ਼ਿਤ ਕੀਤੀਆਂ ਰਚਨਾਵਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਏ ਕਿ ਇਹਨਾ ਬਾਲ ਰਸਾਲਿਆਂ ਨੂੰ ਭਵਿੱਖ ਵਿੱਚ ਵੀ ਲਗਾਤਾਰ ਜਾਰੀ ਰੱਖਿਆ ਜਾਵੇ। ਚੇਅਰਮੈਨ ਵੱਲੋਂ ਪਿਛਲੇ ਸਾਲ 2023 ਦੀ ਤਰਜ ਤੇ ਅੰਤਰ-

ਰਾਸ਼ਟਰੀ ਪੰਜਾਬੀ ਬੋਲੀ ਉਲੰਪਿਆਡ 2024 ਦੀ ਰਜਿਸਟਰੇਸ਼ਨ ਲਈ, ਪੋਰਟਲ ਆਨ-ਲਾਈਨ ਕਰਨ ਦੀ ਰਸਮ ਵੀ ਅਦਾ ਕੀਤੀ ਗਈ ਅਤੇ ਉਨ੍ਹਾਂ ਵੱਲੋਂ ਦੱਸਿਆ ਗਿਆ ਕਿ ਪੰਜਾਬੀ ਮਾਂ ਬੋਲੀ ਦੇ ਪ੍ਰਚਾਰ ਅਤੇ ਪਸਾਰ ਦਾ ਨਿਵੇਕਲਾ ਉਪਰਾਲਾ ਭਵਿੱਖ ਵਿੱਚ ਵੀ ਜਾਰੀ ਰੱਖਿਆ ਜਾਵੇਗਾ।

------------------------------------------------------------

ਆਲ ਗੌਰਮਿੰਟ ਇੰਪਲਾਈਜ਼ ਟਰੇਡ ਯੂਨੀਅਨ ਕੌਂਸਲ ਅਤੇ ਨਾਰਦਰਨ ਰੇਲਵੇ ਮੇਨਜ਼ ਯੂਨੀਅਨ ਵਲੋਂ , 19 ਸਤੰਬਰ 1968 ਦੇ ਸ਼ਹੀਦਾਂ ਦੀ ਯਾਦ ਵਿੱਚ 56ਵੀਂ ਸ਼ਹੀਦੀ ਕਾਨਫਰੰਸ ਪਠਾਨਕੋਟ ਸਿਟੀ ਸਟੇਸ਼ਨ ਵਿਖੇ ਕਰਵਾਈ ਗਈ। ਕੌਂਸਲ ਪ੍ਰਧਾਨ ਹਰਿੰਦਰਾ ਸਿੰਘ ਰੰਧਾਵਾ ਅਤੇ ਯੂਨੀਅਨ ਦੇ ਮੰਡਲ ਪ੍ਰਧਾਨ ਸ਼ੰਬਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਇਸ ਕਾਨਫਰੰਸ ਵਿੱਚ ਆਲ ਇੰਡੀਆ ਰੇਲਵੇ ਮੇਨਜ਼ ਫੈਡਰੇਸ਼ਨ ਅਤੇ ਯੂਨੀਅਨ ਦੇ ਜਨਰਲ ਸਕੱਤਰ ਸ਼ਿਵ ਗੋਪਾਲ ਮਿਸ਼ਰਾ ਅਤੇ ਸੀ.ਟੀ.ਯੂ ਦੇ ਮੀਤ ਪ੍ਰਧਾਨ ਮੰਗਤ ਰਾਮ ਪਾਸਲਾ ਵਿਸ਼ੇਸ਼ ਤੌਰ ’ਤੇ ਮੌਜੂਦ ਰਹੇ । ਸ਼ਿਵ ਗੋਪਾਲ ਮਿਸ਼ਰਾ ਨੇ ਕੇਂਦਰ ਸਰਕਾਰ ਵੱਲੋਂ ਨਵੀਂ ਪੈਨਸ਼ਨ ਸਕੀਮ ਰੱਦ ਕਰਕੇ ਯੂਨੀਫਾਈਡ ਪੈਨਸ਼ਨ ਪ੍ਰਣਾਲੀ ਨੂੰ ਮੁਲਾਜ਼ਮਾਂ ਦੇ ਸੰਘਰਸ਼ ਦੀ

ਜਿੱਤ ਕਰਾਰ ਦਿੰਦਿਆਂ ਕਿਹਾ ਕਿ ਇਸ ਵਿੱਚ ਅਜੇ ਵੀ ਕਈ ਤਰੁੱਟੀਆਂ ਨੇ ਅਤੇ ਇਨ੍ਹਾਂ ਨੂੰ ਦੂਰ ਕਰਨ ਲਈ ਸੰਘਰਸ਼ ਜਾਰੀ ਰਹੇਗਾ ।

---------------------------------------------------------------

ਮੋਗਾ ਜ਼ਿਲ੍ਹਾ ਵਿੱਚ ਆਉਂਦੇ ਝੋਨੇ ਦੇ ਵਾਢੀ ਸੀਜ਼ਨ ਦੌਰਾਨ ਪਰਾਲੀ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਨੇ ਵਿਸ਼ੇਸ਼ ਰਣਨੀਤੀ ਤਿਆਰ ਕੀਤੀ ਏ । ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਉਹਨਾਂ 100 ਪਿੰਡਾਂ ਦੀ ਪਛਾਣ ਕੀਤੀ ਗਈ ਏ ਜਿੱਥੇ ਪਿਛਲੇ ਸੀਜ਼ਨ ਦੌਰਾਨ ਸਭ ਤੋਂ ਵੱਧ ਅੱਗ ਲੱਗਣ ਦੀਆਂ ਘਟਨਾਵਾਂ ਸਾਹਮਣੇ ਆਈਆਂ ਸਨ। ਇਹਨਾਂ ਪਿੰਡਾਂ ਉੱਤੇ ਇਸ ਵਾਰ ਜ਼ਿਲ੍ਹਾ ਪ੍ਰਸ਼ਾਸ਼ਨ ਦੀ ਕਰੜੀ ਨਜ਼ਰ ਰਹੇਗੀ । ਜੇਕਰ ਇਸ ਸਾਲ ਕਿਸੇ ਨੇ ਅੱਗ ਲਾਉਣ ਦੀ ਕੋਸ਼ਿਸ਼ ਕੀਤੀ ਤਾਂ ਕਾਨੂੰਨ ਮੁਤਾਬਿਕ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਜ਼ਿਲ੍ਹਾ ਮੋਗਾ ਵਿੱਚ ਪਿਛਲੇ ਸੀਜ਼ਨ ਵਿੱਚ ਸਬ ਡਵੀਜ਼ਨ ਨਿਹਾਲ ਸਿੰਘ ਵਾਲਾ ਦੇ ਪਿੰਡ ਲੋਪੋਂ ਵਿੱਚ ਸਭ ਤੋਂ ਵੱਧ 46 ਥਾਵਾਂ ਤੇ ਜਦਕਿ ਪਿੰਡ ਵਾਂਦਰ ਵਿੱਚ 45, ਹਿੰਮਤਪੁਰਾ ਤੇ ਲੰਗੇਆਣਾ ਨੀਵਾਂ ਵਿੱਚ 43, ਭਲੂਰ ਤੇ ਸੈਦੋਕੇ ਵਿੱਚ 42

ਅੱਗ ਲਈ ਗਈ । ਉਹਨਾਂ ਕਿਹਾ ਕਿ ਜਿਹੜੇ ਵੀ ਪਿੰਡਾਂ ਵਿੱਚ ਇਹ ਘਟਨਾਵਾਂ ਸਾਹਮਣੇ ਆਈਆਂ ਸਨ ਉਹਨਾਂ ਪਿੰਡਾਂ ਵਿੱਚ ਖੇਤੀ ਮਸ਼ੀਨਰੀ ਦੀ ਵੀ ਕੋਈ ਕਮੀ ਨਹੀਂ ਸੀ। ਡਿਪਟੀ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਮਾਨਯੋਗ ਸੁਪਰੀਮ ਕੋਰਟ ਅਤੇ ਕੇਂਦਰੀ ਗਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਦੀ ਪਾਲਣਾ ਵਿੱਚ ਇਸ ਵਾਰ ਪਰਾਲੀ ਨੂੰ ਬਿਲਕੁਲ ਵੀ ਅੱਗ ਨਹੀਂ ਲੱਗਣ ਦਿੱਤੀ ਜਾਵੇਗੀ।

---------------------------------------------------

ਅੱਜ ਜਲੰਧਰ ਪਟਿਆਲ਼ਾ, ਤਰਨਤਾਰਨ , ਫਤਹਿਗੜ੍ਹ ਸਾਹਿਬ ,ਮੋਗਾ ,ਮਾਨਸਾ ਤੇ ਮੁਹਾਲੀ ਦੇ ਕੁਝ ਇਲਾਕਿਆਂ ਵਿੱਚ ਹਲਕਾ ਮੀਂਹ ਦੇਖਣ ਨੂੰ ਮਿਲਿਆ, ਜਦਕਿ ਪਠਾਨਕੋਟ, ਫਰੀਦਕੋਟ, ਫਾਜ਼ਿਲਕਾ ਸਮੇਤ ਹੋਰਨਾਂ ਕਈ ਜ਼ਿਲਿਆਂ ਵਿਚ ਬੱਦਲਵਾਈ ਹੋਣ ਨਾਲ ਮੌਸਮ ਕਾਫੀ ਸੁਹਾਵਣਾ ਬਣਿਆ ਹੋਇਆ ਏ । ਮੌਸਮ ਵਿਭਾਗ ਨੇ ਸੂਬੇ ਦੇ ਚਾਰ ਜ਼ਿਲ੍ਹਿਆਂ ਪਠਾਨਕੋਟ, ਹੁਸ਼ਿਆਰਪੁਰ, ਰੂਪਨਗਰ ਅਤੇ ਮੋਹਾਲੀ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ ਏ । ਵਿਭਾਗ ਨੇ ਮੌਸਮ ਬਾਰੇ ਕੋਈ ਚੇਤਾਵਨੀ ਜਾਰੀ ਨਹੀਂ ਕੀਤੀ ਗਈ । ਪੰਜਾਬ ਵਿੱਚ ਪਹਿਲੀ

ਸਤੰਬਰ ਤੋਂ ਹੁਣ ਤੱਕ 34.2 ਮਿਲੀ-ਮੀਟਰ ਬਾਰਿਸ਼ ਦਰਜ ਕੀਤੀ ਗਈ ਏ ਜੋ ਕਿ ਆਮ ਨਾਲੋਂ 36 ਫੀਸਦੀ ਘੱਟ ਏ ।